# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :21-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਮੰਤਰੀ ਮੰਡਲ ਨੇ ਅੱਜ ਅਟਲ ਪੈਨਸ਼ਨ ਯੋਜਨਾ ਨੂੰ 2030-31 ਤੱਕ ਜਾਰੀ ਰੱਖਣ ਦੇ ਨਾਲ-ਨਾਲ ਪ੍ਰਚਾਰ ਅਤੇ ਵਿਕਾਸ ਗਤੀਵਿਧੀਆਂ ਲਈ ਵਿੱਤੀ ਸਹਾਇਤਾ ਵਧਾਉਣ ਨੂੰ ਮਨਜ਼ੂਰੀ ਦੇ ਦਿੱਤੀ।

- ਪੰਜਾਬ ਸਰਕਾਰ ਵਲੋਂ ਬੱਚਿਆਂ ਦੀ ਸੁਰੱਖਿਆ ਅਤੇ ਮਿਆਰੀ ਸਿੱਖਿਆ ਯਕੀਨੀ ਬਣਾਉਣ ਲਈ ਸਾਰੇ ਪਲੇਅ-ਵੇਅ ਸਕੂਲਾਂ ਦੀ ਲਾਜ਼ਮੀ ਔਨਲਾਈਨ ਰਜਿਸਟ੍ਰੇਸ਼ਨ ਲਈ ਪੋਰਟਲ ਦੀ ਸ਼ੁਰੂਆਤ।

- ਸੂਬਾ ਸਰਕਾਰ ਨੇ ਮਾਨਸਾ ਵਿਖੇ ਸੀਨੀਅਰ ਸਿਟੀਜ਼ਨ ਹੋਮ 'ਸਤਿਕਾਰ ਘਰ' ਦਾ ਉਦਘਾਟਨ ਕੀਤਾ।

- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਚਲਾਏ ਜਾ ਰਹੇ ਗੈਰ-ਕਾਨੂੰਨੀ ਹਥਿਆਰਾਂ ਦੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਅੰਮ੍ਰਿਤਸਰ ਅਤੇ ਗੁਰਦਾਸਪੁਰ ਤੋਂ 3 ਤਸਕਰਾਂ ਨੂੰ, 11 ਪਿਸਤੌਲਾਂ ਸਮੇਤ ਕੀਤਾ ਗ੍ਰਿਫ਼ਤਾਰ।

- ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪੰਜ twenty-twenty ਅੰਤਰ-ਰਾਸ਼ਟਰੀ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਸ਼ਾਮ 7 ਵਜੇ ਨਾਗਪੁਰ 'ਚ ਖੇਡਿਆ ਜਾਵੇਗਾ।

## *ਹੁਣ ਖਬਰਾਂ ਵਿਸਥਾਰ ਨਾਲ*

ਕੇਂਦਰੀ ਮੰਤਰੀ ਮੰਡਲ ਨੇ ਅੱਜ ਅਟਲ ਪੈਨਸ਼ਨ ਯੋਜਨਾ ਨੂੰ 2030-31 ਤੱਕ ਜਾਰੀ ਰੱਖਣ ਦੇ ਨਾਲ-ਨਾਲ ਪ੍ਰਚਾਰ ਅਤੇ ਵਿਕਾਸ ਗਤੀਵਿਧੀਆਂ ਲਈ ਵਿੱਤੀ ਸਹਾਇਤਾ ਵਧਾਉਣ ਨੂੰ ਮਨਜ਼ੂਰੀ ਦੇ ਦਿੱਤੀ। ਇਹ ਯੋਜਨਾ ਮਈ 2015 ਵਿੱਚ ਅਸੰਗਠਿਤ ਖੇਤਰ ਦੇ ਕਾਮਿਆਂ ਨੂੰ ਉਨ੍ਹਾਂ ਦੀ ਬੁਢਾਪੇ ਵਿੱਚ ਆਮਦਨ ਸੁਰੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ। ਇਹ ਫੈਸਲਾ ਅੱਜ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਮੀਟਿੰਗ ਵਿੱਚ ਲਿਆ ਗਿਆ। ਇਹ ਯੋਜਨਾ ਲਾਭਪਾਤਰੀ ਦੇ ਯੋਗਦਾਨ 'ਤੇ ਨਿਰਭਰ ਕਰਦੇ ਹੋਏ, 60

ਸਾਲ ਦੀ ਉਮਰ ਪ੍ਰਾਪਤ ਕਰਨ ਤੋਂ ਬਾਅਦ ਪ੍ਰਤੀ ਮਹੀਨਾ 1 ਹਜ਼ਾਰ ਤੋਂ 5 ਹਜ਼ਾਰ ਦੀ ਘੱਟੋ-ਘੱਟ ਗਾਰੰਟੀਸ਼ੁਦਾ ਪੈਨਸ਼ਨ ਪ੍ਰਦਾਨ ਕਰਦੀ ਏ। ਹੁਣ ਤੱਕ ਇਸ ਯੋਜਨਾ ਦੇ ਤਹਿਤ 8 ਕਰੋੜ 66 ਲੱਖ ਤੋਂ ਵੱਧ ਲਾਭਪਾਤਰੀ ਰਜਿਸਟਰਡ ਹੋ ਚੁੱਕੇ ਹਨ।

---------------------------------------------------------------------------

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਨਿਯਮਤ ਕਰਨ ਲਈ ਨਾ ਸਿਰਫ਼ ਕਾਨੂੰਨਾਂ ਦੀ ਵਰਤੋਂ ਦੀ ਲੋੜ ਏ , ਸਗੋਂ ਇੱਕ ਤਕਨੀਕੀ-ਕਾਨੂੰਨੀ ਪਹੁੰਚ ਦੀ ਵੀ ਜ਼ਰੂਰਤ ਏ। ਉਨ੍ਹਾਂ ਨੇ ਇਹ ਬਿਆਨ ਦਾਵੋਸ ਵਿੱਚ ਵਿਸ਼ਵ ਆਰਥਿਕ ਫੋਰਮ ਨੂੰ ਸੰਬੋਧਨ ਕਰਦੇ ਹੋਏ ਦਿੱਤਾ। ਸ਼੍ਰੀ ਵੈਸ਼ਨਵ ਨੇ ਡੀਪ ਫੇਕ ਵਰਗੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਮਜ਼ਬੂਤ ਤਕਨੀਕੀ ਸਾਧਨਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ, ਅਜਿਹੀਆਂ ਤਕਨਾਲੋਜੀਆਂ ਵਿਕਸਤ ਕਰ ਰਿਹਾ ਏ ਜਿਸ ਨਾਲ ਡੀਪ ਫੇਕ ਦੀ ਪਛਾਣ ਕੀਤੀ ਜਾ ਸਕੇ ਅਤੇ ਏ.ਆਈ ਮਾਡਲਾਂ ਦੀ ਵਰਤੋਂ ਕਰਨ ਤੋਂ ਪਹਿਲਾਂ ਚੌਕਸੀ ਨੂੰ ਯਕੀਨੀ ਬਣਾਇਆ ਜਾ ਸਕੇ।

BYTE

---------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ

ਡਾ. ਬਲਜੀਤ ਕੌਰ ਨੇ ਪਲੇਅ-ਵੇਅ ਸਕੂਲਾਂ ਲਈ ਇੱਕ ਆਨਲਾਈਨ ਰਜਿਸਟ੍ਰੇਸ਼ਨ ਪੋਰਟਲ ਸ਼ੁਰੂ ਕਰਨ ਦਾ ਐਲਾਨ ਕੀਤਾ। ਅੱਜ ਪੰਜਾਬ ਭਵਨ ਵਿਖੇ ਕਰਵਾਈ ਮੀਡੀਆ ਕਾਨਫਰੰਸ ਦੌਰਾਨ ਸੰਬੋਧਨ ਕਰਦਿਆਂ ਮੰਤਰੀ  ਨੇ ਕਿਹਾ ਕਿ  ਪੰਜਾਬ ਵਿੱਚ ਚੱਲ ਰਹੇ ਸਾਰੇ ਪਲੇਅ-ਵੇਅ ਸਕੂਲਾਂ ਸਮੇਤ ਛੇ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨ ਵਾਲੇ ਨਿੱਜੀ ਸਕੂਲਾਂ ਨੂੰ ਇਸ ਪੋਰਟਲ ’ਤੇ ਰਜਿਸਟ੍ਰੇਸ਼ਨ ਕਰਨੀ ਲਾਜ਼ਮੀ ਹੋਵੇਗੀ। ਇਹ ਕਦਮ ਬੱਚਿਆਂ ਦੀ ਸਿੱਖਿਆ, ਸੁਰੱਖਿਆ ਅਤੇ ਸਮੁੱਚੇ ਵਿਕਾਸ ਦੀ ਪ੍ਰਭਾਵੀ ਨਿਗਰਾਨੀ ਨੂੰ ਯਕੀਨੀ ਬਣਾਉਣ ਲਈ ਚੁੱਕਿਆ ਗਿਆ ਏ । ਉਨ੍ਹਾਂ  ਦੱਸਿਆ ਕਿ ਛੇ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਇਕੋ ਤਰ੍ਹਾਂ ਦਾ ਪਾਠਕ੍ਰਮ ਤਿਆਰ ਕੀਤਾ ਜਾ ਰਿਹਾ ਏ , ਜਿਸਨੂੰ ਆਂਗਣਵਾੜੀ ਕੇਂਦਰਾਂ, ਪਲੇਅ-ਵੇਅ ਸਕੂਲਾਂ ਅਤੇ ਪ੍ਰਾਇਮਰੀ ਸਕੂਲਾਂ ਵਿੱਚ ਲਾਗੂ ਕੀਤਾ ਜਾਵੇਗਾ। ਮੰਤਰੀ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਸੁਪਰਵਾਈਜ਼ਰਾਂ ਦੀ ਸਿਖਲਾਈ ਫਰਵਰੀ ਦੇ ਅੱਧ ਤੱਕ ਪੂਰੀ ਹੋ ਜਾਵੇਗੀ। ਬੱਚਿਆਂ ’ਤੇ ਕਿਤਾਬਾਂ ਦਾ ਬੋਝ ਪਾਉਣ ਦੀ ਬਜਾਏ, ਖੇਡ-ਅਧਾਰਤ ਅਤੇ ਰਚਨਾਤਮਕ ਗਤੀਵਿਧੀਆਂ ਰਾਹੀਂ ਸਿੱਖਿਆ ਦਿੱਤੀ ਜਾਵੇਗੀ,”। ਨਿੱਕੀ ਉਮਰ ਦੇ ਬੱਚਿਆਂ ’ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਦਰਸਾਉਂਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇੱਕ ਬੱਚੇ ਦਾ ਲਗਭਗ 90 ਫੀਸਦੀ ਦਿਮਾਗੀ ਵਿਕਾਸ 6 ਸਾਲ ਦੀ ਉਮਰ ਦੌਰਾਨ

ਹੁੰਦਾ ਏ। ਇਸ ਲਈ ਇਸ ਅਹਿਮ ਸਮੇਂ ਦੌਰਾਨ ਬੱਚਿਆਂ ਨੂੰ ਮਿਆਰੀ ਸਿੱਖਿਆ ਅਤੇ ਸਹੀ ਪੋਸ਼ਣ ਪ੍ਰਦਾਨ ਕਰਨਾ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਏ।'' ਉਨ੍ਹਾਂ ਕਿਹਾ ਕਿ ਮਿਸ਼ਨ ਆਰੰਭ ਤਹਿਤ, ਮਾਪਿਆਂ ਨੂੰ ਆਪਣੇ ਬੱਚਿਆਂ ਦੀ ਰੋਜ਼ਾਨਾ ਸਿੱਖਣ ਪ੍ਰਕਿਰਿਆ ਨਾਲ ਸਰਗਰਮੀ ਨਾਲ ਜੋੜਿਆ ਗਿਆ ਏ। ਬੁਨਿਆਦੀ ਢਾਂਚੇ ਦੇ ਵਿਕਾਸ ਬਾਰੇ ਬੋਲਦਿਆਂ, ਮੰਤਰੀ ਨੇ ਕਿਹਾ ਕਿ 1,000 ਨਵੇਂ ਆਂਗਣਵਾੜੀ ਕੇਂਦਰ ਬਣਾਉਣ ਦੇ ਟੀਚੇ ਦੇ ਤਹਿਤ, 100 ਕਰੋੜ ਦੀ ਲਾਗਤ ਨਾਲ 1,000 ਆਧੁਨਿਕ ਆਂਗਣਵਾੜੀ ਕੇਂਦਰ ਵਿਕਸਤ ਕੀਤੇ ਜਾ ਰਹੇ ਨੇ।

---

ਪੰਜਾਬ ਸਰਕਾਰ ਵੱਲੋਂ ਮਾਨਸਾ ਵਿਖੇ ਸੀਨੀਅਰ ਸਿਟੀਜ਼ਨ ਹੋਮ 'ਸਤਿਕਾਰ ਘਰ' ਦਾ ਉਦਘਾਟਨ ਕੀਤਾ ਗਿਆ ਏ , ਜੋ ਬਜ਼ੁਰਗਾਂ ਲਈ ਇੱਕ ਮਜ਼ਬੂਤ ਅਤੇ ਮਨੁੱਖੀ ਸਮਾਜਿਕ ਸੁਰੱਖਿਆ ਢਾਂਚਾ ਸਥਾਪਤ ਕਰਨ ਦੀ ਦਿਸ਼ਾ ਵੱਲ ਇੱਕ ਹੋਰ ਅਹਿਮ ਕਦਮ ਏ। ਇਹ ਸਹੂਲਤ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਵੱਲੋਂ ਪਰਿਵਾਰਕ ਸਹਾਇਤਾ ਤੋਂ ਸਖਣੇ ਬਜ਼ੁਰਗਾਂ ਨੂੰ ਸੁਰੱਖਿਅਤ, ਸਨਮਾਨਜਨਕ ਅਤੇ ਰਿਹਾਇਸ਼ੀ ਦੇਖਭਾਲ ਸਬੰਧੀ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਦਿੱਤੀ ਜਾ ਰਹੀ ਏ। 'ਸਤਿਕਾਰ ਘਰ' ਪਹਿਲਕਦਮੀ ਜ਼ਿਲ੍ਹਾ ਪੱਧਰ 'ਤੇ ਬਜ਼ੁਰਗਾਂ ਦੀ ਦੇਖਭਾਲ, ਸੁਰੱਖਿਆ ਅਤੇ ਭਾਵਨਾਤਮਕ ਸਹਾਇਤਾ ਨੂੰ

ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਵਿਆਪਕ ਵਚਨਬੱਧਤਾ ਨੂੰ ਦਰਸਾਉਂਦੀ ਏ । ਮਾਨਸਾ ਵਿਖੇ 28 ਕਨਾਲਾਂ ਵਿੱਚ ਫੈਲਿਆ 'ਸਤਿਕਾਰ ਘਰ' 9 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਏ ਅਤੇ ਇਸ ਵਿੱਚ ਕੁੱਲ 72 ਬਜ਼ੁਰਗਾਂ ਦੇ ਠਹਿਰ ਦੀ ਸਮਰੱਥਾ ਏ। ਇਸ ਤਿੰਨ ਮੰਜ਼ਿਲਾ ਇਮਾਰਤ ਦੀਆਂ ਸਾਰੀਆਂ ਮੰਜ਼ਿਲਾਂ 'ਤੇ ਸਮਾਨ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ ਅਤੇ ਹਰੇਕ ਮੰਜ਼ਿਲ 'ਤੇ ਸੱਤ ਕਮਰਿਆਂ ਵਿੱਚ 24 ਬਜ਼ੁਰਗ ਠਹਿਰ ਸਕਦੇ ਨੇ। ਇਨ੍ਹਾਂ ਬਜ਼ੁਰਗਾਂ ਲਈ ਸੁਚਾਰੂ ਕੰਮਕਾਜ ਅਤੇ ਨਿਰੰਤਰ ਦੇਖਭਾਲ ਨੂੰ ਯਕੀਨੀ ਬਣਾਉਣ ਲਈ 19 ਅਸਾਮੀਆਂ ਨੂੰ ਮਨਜ਼ੂਰੀ ਦਿੱਤੀ ਗਈ ਏ। ਇਸ ਦੇ ਨਾਲ ਹੀ ਇਨ੍ਹਾਂ ਬਜ਼ੁਰਗਾਂ ਨੂੰ 24 ਘੰਟੇ ਸਹਾਇਤਾ ਪ੍ਰਦਾਨ ਕਰਨ ਅਤੇ ਉਨ੍ਹਾਂ ਦੀਆਂ ਰੋਜ਼ਾਨਾ ਜ਼ਰੂਰਤਾਂ ਸਮੇਂ ਸਿਰ ਪੂਰਾ ਕਰਨਾ ਯਕੀਨੀ ਬਣਾਉਣ ਲਈ ਆਊਟਸੋਰਸਡ ਸਟਾਫ਼ ਜ਼ਰੀਏ ਕਾਰਜਾਂ ਦਾ ਪ੍ਰਬੰਧਨ ਕੀਤਾ ਜਾ ਰਿਹਾ ਏ ।

---------------------------------------------------------------

ਪੰਜਾਬ ਸਰਕਾਰ ਵੱਲੋਂ ਬੀਤੇ ਕੱਲ੍ਹ ਹੋਈ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਸੂਬੇ ਦੇ 20 ਆਈ.ਏ.ਐਸ ਅਤੇ 6 ਪੀ.ਸੀ.ਐਸ ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਗਏ ਨੇ। ਸਰਕਾਰ ਵੱਲੋਂ ਜਾਰੀ ਸੂਚੀ ਅਨੁਸਾਰ

ਪਟਿਆਲਾ, ਰੋਪੜ, ਸ਼ਹੀਦ ਭਗਤ ਸਿੰਘ ਨਗਰ ਅਤੇ ਬਰਨਾਲਾ ਦੇ ਡਿਪਟੀ ਕਮਿਸ਼ਨਰ ਬਦਲੇ ਗਏ ਨੇ।

--------------------------------------------------------------------

ਪੰਜਾਬ ਪੁਲੀਸ ਨੇ ਕਲ੍ਹ ਤੋਂ ਸ਼ੁਰੂ ਕੀਤੇ 'ਆਪ੍ਰੇਸ਼ਨ ਪ੍ਰਹਾਰ' ਤਹਿਤ ਬਠਿੰਡਾ ਰੇਂਜ ਵਿੱਚ 90 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਬਠਿੰਡਾ ਰੇਂਜ ਦੇ ਡੀ.ਆਈ.ਜੀ ਹਰਜੀਤ ਸਿੰਘ ਨੇ ਦੱਸਿਆ ਕਿ ਗੈਂਗਸਟਰਾਂ ਦੀਆਂ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਲਈ ਇਸ ਕਾਰਵਾਈ ਨੂੰ ਅੰਜਾਮ ਦੇਣ ਵਾਸਤੇ ਪੁਲੀਸ ਦੀਆਂ 70 ਟੀਮਾਂ ਦੋਵਾਂ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤੀਆਂ ਗਈਆਂ ਨੇ , ਜੋ ਲਗਾਤਾਰ ਸ਼ੱਕੀ ਟਿਕਾਣਿਆਂ 'ਤੇ ਛਾਪੇਮਾਰੀ ਕਰ ਰਹੀਆਂ ਹਨ। ਡੀ.ਆਈ.ਜੀ ਨੇ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੋ ਅਪਰਾਧਿਕ ਅਨਸਰ ਲੋਕਾਂ ਨੂੰ ਡਰਾ-ਧਮਕਾ ਕੇ ਫਿਰੌਤੀਆਂ ਮੰਗ ਰਹੇ ਹਨ, ਉਨ੍ਹਾਂ ਖ਼ਿਲਾਫ਼ ਪੁਲਿਸ ਸਖ਼ਤ ਕਾਨੂੰਨੀ ਕਾਰਵਾਈ ਕਰ ਰਹੀ ਏ ਅਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਏ ਕਿ ਜੇਕਰ ਕੋਈ ਵੀ ਵਿਅਕਤੀ ਉਨ੍ਹਾਂ ਨੂੰ ਧਮਕਾਉਂਦਾ ਏ ਜਾਂ ਕੋਈ ਸ਼ੱਕੀ ਗਤੀਵਿਧੀ ਨਜ਼ਰ ਆਉਂਦੀ ਏ , ਤਾਂ ਉਸ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਆਪ੍ਰੇਸ਼ਨ ਆਉਣ ਵਾਲੇ ਤਿੰਨ ਦਿਨਾਂ ਤੱਕ ਇਸੇ

ਤਰ੍ਹਾਂ ਲਗਾਤਾਰ ਜਾਰੀ ਰਹੇਗਾ ਤਾਂ ਜੋ ਇਲਾਕੇ ਵਿੱਚ ਅਮਨ-ਸ਼ਾਂਤੀ ਨੂੰ ਬਰਕਰਾਰ ਰੱਖਿਆ ਜਾ ਸਕੇ।

---------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚਲਾਏ ਜਾ ਰਹੇ ਗੈਰ-ਕਾਨੂੰਨੀ ਹਥਿਆਰਾਂ ਦੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਦੋ ਤਸਕਰਾਂ ਨੂੰ 6 ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਹੇਠ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰਨ ਵਿੱਚ ਸ਼ਾਮਲ ਸਨ। ਅੰਮ੍ਰਿਤਸਰ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਵੇਰਵੇ ਸਾਂਝੇ ਕਰਦਿਆਂ ਦੱਸਿਆ

BYTE

ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਏ। ਇਸ ਸਬੰਧੀ ਅੰਮ੍ਰਿਤਸਰ ਵਿਖੇ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ। ਓਧਰ ਗੁਰਦਾਸਪੁਰ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇੱਕ ਤਸਕਰ ਨੂੰ 5 ਪਿਸਤੌਲਾਂ ਅਤੇ 7 ਮੈਗਜ਼ੀਨਾਂ ਸਮੇਤ ਗ੍ਰਿਫ਼ਤਾਰ ਕੀਤਾ ਏ।

ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਹੇਠ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰਨ ਵਿੱਚ ਸ਼ਾਮਲ ਸਨ। ਗੁਰਦਾਸਪੁਰ ਦੇ ਥਾਣਾ ਘੁੰਮਣ ਕਲਾਂ ਵਿਖੇ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸੂਬੇ ਵਿੱਚ ਬਣ ਰਹੇ ਪੇਂਡੂ ਖੇਡ ਮੈਦਾਨਾਂ ਦੀ ਪ੍ਰਗਤੀ ਅਤੇ ਗੁਣਵੱਤਾ ਨੂੰ ਲੈ ਕੇ ਸਰਕਾਰ ਦੇ ਸਖ਼ਤ ਰੁਖ਼ ਨੂੰ ਸਪੱਸ਼ਟ ਕੀਤਾ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਭਰ ਵਿੱਚ 3,100 ਪੇਂਡੂ ਖੇਡ ਮੈਦਾਨ ਤਿਆਰ ਕਰ ਰਹੀ ਏ , ਜਿਸ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਖੇਡਾਂ ਵੱਲ ਉਤਸਾਹਿਤ ਕਰਨਾ ਏ। ਅੱਜ ਚੰਡੀਗੜ੍ਹ ਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਮੰਤਰੀ ਨੇ ਦੱਸਿਆ ਕਿ ਪ੍ਰੋਜੈਕਟ ਦੀ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਰਕਾਰ ਨੇ ਤਿੰਨ ਵਿਸ਼ੇਸ਼ ਉਡਣ ਦਸਤੇ ਤਾਇਨਾਤ ਕੀਤੇ ਨੇ ਜੋ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਜਮੀਨੀ ਪੱਧਰ 'ਤੇ ਜਾਂਚ ਕਰਨਗੇ। ਉਨ੍ਹਾਂ ਦੱਸਿਆ ਕਿ ਖੇਡ ਮੈਦਾਨਾਂ ਦੀ ਜਮੀਨੀ ਰਿਪੋਰਟ ਲਈ ਅਸੀਂ ਇੱਕ MIS ਪੋਰਟਲ ਤਿਆਰ ਕੀਤਾ ਏ , ਜਿਸ ਵਿੱਚ ਸੰਬੰਧਿਤ ਅਧਿਕਾਰੀ ਨੂੰ ਵਿਕਾਸ ਕਾਰਜ ਦੀ ਹਰ 15 ਦਿਨ ਵਿੱਚ ਫੋਟੋ ਅਤੇ ਜਿਓ ਟੈਗਿੰਗ ਦੇ

ਨਾਲ ਰਿਪੋਰਟ ਭੇਜਣੀ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਵਿੱਚ ਸਰਪੰਚਾਂ, ਗ੍ਰਾਮ ਪੰਚਾਇਤਾਂ ਅਤੇ ਸਥਾਨਕ ਖੇਡ ਕਲੱਬਾਂ ਨੂੰ ਵੀ ਅਹਿਮ ਹਿੱਸੇਦਾਰ ਬਣਾਇਆ ਗਿਆ ਏ ।

--------------------------------------------------------------------------------

ਪੰਜਾਬ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਕਾਨੂੰਨੀ ਮੈਟਰੋਲੋਜੀ ਵਿੰਗ ਦੀ ਕਾਰਗੁਜ਼ਾਰੀ ਵਿੱਚ ਸਾਲ 2024-25 ਦੇ ਮੁਕਾਬਲੇ ਅਪ੍ਰੈਲ ਤੋਂ ਦਸੰਬਰ 2025 ਤੱਕ ਉਗਰਾਹੀ ਗਈ ਕੰਪਾਊਂਡਿੰਗ ਫੀਸ, ਨਿਰੀਖਣ ਅਤੇ ਕੀਤੀਆਂ ਗਈਆਂ ਤਸਦੀਕਾਂ ਵਰਗੇ ਕਈ ਮਾਪਦੰਡਾਂ ਦੇ ਆਧਾਰ ’ਤੇ ਵਾਧਾ ਦਰਜ ਕੀਤਾ ਗਿਆ ਏ । ਜ਼ਿਕਰਯੋਗ ਏ ਕਿ ਲੀਗਲ ਮੈਟਰੋਲੋਜੀ ਵਿੰਗ ਨੇ 2025-26 ਵਿੱਚ 1 ਕਰੋੜ 40 ਲੱਖ ਰੁਪਏ ਦੀਆਂ ਕੰਪਾਊਂਡਿੰਗ ਫੀਸਾਂ ਇਕੱਤਰ ਕੀਤੀਆਂ । ਇਸ ਤਰ੍ਹਾਂ ਵਿੰਗ ਨੇ 2025-26 ਵਿੱਚ 22133 ਨਿਰੀਖਣ ਕੀਤੇ ।   ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ  ਲਾਲ ਚੰਦ ਕਟਾਰੂਚੱਕ ਨੇ ਵਿਭਾਗ ਦੇ ਅਧਿਕਾਰੀਆਂ ਵੱਲੋਂ ਕੀਤੀ ਸਖ਼ਤ ਮਿਹਨਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵੀ ਜੋਸ਼ ਅਤੇ ਸਮਰਪਣ ਨਾਲ ਕੰਮ ਕਰਨ ਲਈ ਕਿਹਾ ਹੈ। ਜ਼ਿਕਰਯੋਗ ਏ ਕਿ ਵਿੰਗ ਕੋਲ ਅੰਮ੍ਰਿਤਸਰ, ਲੁਧਿਆਣਾ, ਜਲੰਧਰ ਅਤੇ ਪਟਿਆਲਾ ਵਿਖੇ ਵਿਭਾਗ ਦੀ ਮਾਲਕੀ ਵਾਲੀਆਂ ਮਿਆਰੀ ਲੈਬਾਰੇਟਰੀਆਂ ਨੇ , ਜਦੋਂ ਕਿ ਸਰਹਿੰਦ ਅਤੇ ਖੰਨਾ

ਵਿਖੇ ਨਵੀਆਂ ਲੈਬਾਰੇਟਰੀਆਂ ਬਣਾਉਣ ਦੀ ਯੋਜਨਾ ਏ । ਲੀਗਲ ਮੈਟਰੋਲੋਜੀ ਵਿੰਗ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਵੇਚੇ ਅਤੇ ਖ਼ਰੀਦੇ ਗਏ ਸਮਾਨ ਦੀ ਅਸਲ ਮਾਤਰਾ ਅਤੇ ਮਿਕਦਾਰ ਮੁਤਾਬਿਕ ਸਹੀ-ਤੇ-ਦਰੁਸਤ ਹੋਵੇ ਤਾਂ ਜੋ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਸਕੇ।

---------------------------------------------------------------------

ਮੌਸਮ ਵਿਭਾਗ ਨੇ ਹਰਿਆਣਾ, ਪੰਜਾਬ ਅਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ , ਜਦੋਂ ਕਿ ਅੱਜ ਹਿਮਾਚਲ ਪ੍ਰਦੇਸ਼ ਵਿੱਚ ਸੀਤ ਲਹਿਰ ਦਾ ਕਹਿਰ ਜਾਰੀ ਰਹੇਗਾ । ਵਿਭਾਗ ਨੇ ਉੱਤਰਾਖੰਡ ਵਿੱਚ ਠੰਡ ਰਹਿਣ ਦੀ ਸੰਭਾਵਨਾ ਜਤਾਈ ਗਈ ਏ ।

---------------------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪੰਜ twenty-twenty ਅੰਤਰਰਾਸ਼ਟਰੀ ਮੈਚਾਂ ਦੀ ਲੜੀ ਅੱਜ ਤੋਂ ਸ਼ੁਰੂ ਹੋ ਰਹੀ ਏ । ਲੜੀ ਦਾ ਪਹਿਲਾ ਮੈਚ, ਅੱਜ ਨਾਗਪੁਰ ਦੇ ਵਿਦਰਭ ਕ੍ਰਿਕਟ ਐਸੋਸੀਏਸ਼ਨ ਸਟੇਡੀਅਮ ਵਿੱਚ, ਸ਼ਾਮੀਂ 7 ਵਜੇ ਖੇਡਿਆ ਜਾਵੇਗਾ। ਇਹ ਲੜੀ, ਸੂਰਿਆਕੁਮਾਰ ਯਾਦਵ ਦੀ ਕਪਤਾਨੀ ਹੇਠ ਮਹੱਤਵਪੂਰਨ ਮੰਨੀ ਜਾ ਰਹੀ ਏ। ਇਸ ਲੜੀ ਨੂੰ ਅਗਾਮੀ ਮਰਦਾਂ ਦੇ ICC twenty-twenty

ਵਿਸ਼ਵ ਕੱਪ ਦੀਆਂ ਤਿਆਰੀਆਂ ਦਾ ਇੱਕ ਮਹੱਤਵਪੂਰਨ ਹਿੱਸਾ ਵੀ ਮੰਨਿਆ ਜਾ ਰਿਹਾ ਏ।

---------------------------------------------------------------------

- ਕੇਂਦਰੀ ਮੰਤਰੀ ਮੰਡਲ ਨੇ ਅੱਜ ਅਟਲ ਪੈਨਸ਼ਨ ਯੋਜਨਾ ਨੂੰ 2030-31 ਤੱਕ ਜਾਰੀ ਰੱਖਣ ਦੇ ਨਾਲ-ਨਾਲ ਪ੍ਰਚਾਰ ਅਤੇ ਵਿਕਾਸ ਗਤੀਵਿਧੀਆਂ ਲਈ ਵਿੱਤੀ ਸਹਾਇਤਾ ਵਧਾਉਣ ਨੂੰ ਮਨਜ਼ੂਰੀ ਦੇ ਦਿੱਤੀ।

- ਪੰਜਾਬ ਸਰਕਾਰ ਵਲੋਂ ਬੱਚਿਆਂ ਦੀ ਸੁਰੱਖਿਆ ਅਤੇ ਮਿਆਰੀ ਸਿੱਖਿਆ ਯਕੀਨੀ ਬਣਾਉਣ ਲਈ ਸਾਰੇ ਪਲੇਅ-ਵੇਅ ਸਕੂਲਾਂ ਦੀ ਲਾਜ਼ਮੀ ਔਨਲਾਈਨ ਰਜਿਸਟ੍ਰੇਸ਼ਨ ਲਈ ਪੋਰਟਲ ਦੀ ਸ਼ੁਰੂਆਤ।

- ਸੂਬਾ ਸਰਕਾਰ ਨੇ ਮਾਨਸਾ ਵਿਖੇ ਸੀਨੀਅਰ ਸਿਟੀਜ਼ਨ ਹੋਮ 'ਸਤਿਕਾਰ ਘਰ' ਦਾ ਉਦਘਾਟਨ ਕੀਤਾ।

- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਚਲਾਏ ਜਾ ਰਹੇ ਗੈਰ-ਕਾਨੂੰਨੀ ਹਥਿਆਰਾਂ ਦੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਅੰਮ੍ਰਿਤਸਰ

ਅਤੇ ਗੁਰਦਾਸਪੁਰ ਤੋਂ 3 ਤਸਕਰਾਂ ਨੂੰ, 11 ਪਿਸਤੌਲਾਂ ਸਮੇਤ ਕੀਤਾ ਗ੍ਰਿਫ਼ਤਾਰ।

- ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪੰਜ twenty-twenty ਅੰਤਰ-ਰਾਸ਼ਟਰੀ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਸ਼ਾਮ 7 ਵਜੇ ਨਾਗਪੁਰ 'ਚ ਖੇਡਿਆ ਜਾਵੇਗਾ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**